ਸ੍ਰੀ ਹਰਿਮੰਦਰ ਸਾਹਿਬ ਅੰਮ੍ਰਿਤਸਰ ਤੋਂ ਗੁਰਬਾਣੀ ਕੀਰਤਨ

ਰੇਡੀਓ

ਰਾਹੀਂ ਸਿੱਧੇ ਪ੍ਰਸਾਰਿਤ ਹੁੰਦੇ ਕੀਰਤਨ ਵਿਚ **29 ਅਕਤੂਬਰ** ਨੂੰ ਸ਼ਾਮ 4.00 ਤੋਂ 6.00 ਵਜੇ ਤੱਕ **ਭਾਈ ਦਵਿੰਦਰ ਸਿੰਘ ਅਤੇ 30 ਅਕਤੂਬਰ** ਨੂੰ ਸਵੇਰੇ 4.00 ਤੋਂ 6.00 ਵਜੇ ਤੱਕ **ਭਾਈ ਜਬਰਤੋੜ ਸਿੰਘ** 'ਆਸਾ ਦੀ ਵਾਰ' ਦਾ ਕੀਰਤਨ ਕਰਨਗੇ।

ਪੀ. ਟੀ. ਸੀ.

ਪੀ. ਟੀ. ਸੀ. ਪੰਜਾਬੀ ਰਾਹੀਂ ਸਿੱਧੇ ਪ੍ਰਸਾਰਿਤ ਹੁੰਦੇ ਪ੍ਰੋਗਰਾਮ ਵਿਚ **29 ਅਕਤੂਬਰ** ਨੂੰ ਸ਼ਾਮ 5.00 ਤੋਂ 7.00 ਵਜੇ ਤੱਕ **ਭਾਈ ਦਵਿੰਦਰ ਸਿੰਘ**, ਕੀਰਤਨ, ਪਾਠ 'ਰਹਿਰਾਸ ਸਾਹਿਬ' ਉਪਰੰਤ 'ਆਰਤੀ' **ਭਾਈ ਗੁਰਸੇਵਕ ਸਿੰਘ** ਤੇ **30 ਅਕਤੂਬਰ** ਨੂੰ ਸਵੇਰੇ 3.45 ਵਜੇ ਤੋਂ 7.45 ਵਜੇ ਤੱਕ **ਭਾਈ ਜਬਰਤੋੜ ਸਿੰਘ ਤੇ ਭਾਈ ਗੁਰਜਿੰਦਰ ਸਿੰਘ** ਕੀਰਤਨ ਕਰਨਗੇ।

ਐਸ. ਜੀ. ਪੀ. ਸੀ. ਵੈੱਬ ਚੈਨਲ 'ਤੇ ਸਵੇਰੇ 3.45 ਵਜੇ ਤੋਂ 8.30 ਵਜੇ ਤੱਕ, ਦੁਪਹਿਰ 12.30 ਵਜੇ ਤੋਂ 2.20 ਵਜੇ ਤੱਕ ਅਤੇ ਸ਼ਾਮ 6.00 ਵਜੇ ਤੋਂ 8.00 ਵਜੇ ਤੱਕ ਸਿੱਧਾ ਪ੍ਰਸਾਰਨ ਹੁੰਦਾ ਹੈ। ਐਸ. ਜੀ. ਪੀ. ਸੀ. ਦੇ ਮੋਬਾਈਲ ਐਪ ਤੋਂ ਅੰਮ੍ਰਿਤ ਵੇਲੇ ਤੋਂ ਸੁਖ ਆਸਨ ਤੱਕ ਦਾ ਪੂਰਾ ਸਮਾਗਮ ਸੁਣਿਆ ਜਾ ਸਕਦਾ ਹੈ।

ਮੁੱਖ ਵਾਕ ਦੀ ਕਥਾ : 29 ਅਕਤੂਬਰ ਨੂੰ ਗਿਆਨੀ ਰਣਜੀਤ ਸਿੰਘ ਗੁਰਦੁਆਰਾ ਬੰਗਲਾ ਸਾਹਿਬ ਦਿੱਲੀ ਅਤੇ 30 ਅਕਤੂਬਰ ਨੂੰ ਬਾਬਾ ਬੰਤਾ ਸਿੰਘ ਮੁੰਡਾਪਿੰਡ, ਗੁ: ਮੰਜੀ ਸਾਹਿਬ ਦੀਵਾਨ ਹਾਲ ਸ੍ਰੀ ਹਰਿਮੰਦਰ ਸਾਹਿਬ ਸਮੂਹ ਵਿਖੇ ਸਵੇਰੇ 7.45 ਵਜੇ ਤੋਂ 8.30 ਵਜੇ ਤੱਕ ਮੁੱਖ ਵਾਕ ਦੀ ਕਥਾ ਕਰਨਗੇ।

69ਵੀਆਂ ਪੰਜਾਬ ਰਾਜ ਅੰਤਰ ਜ਼ਿਲ੍ਹਾ ਸਕੂਲ ਖੇਡਾਂ ਵਾਲੀਬਾਲ ਸ਼ਾਨੋ ਸ਼ੌਕਤ ਨਾਲ ਸ਼ੁਰੂ

ਧਨੌਲਾ, 28 ਅਕਤੂਬਰ (ਧਨੌਲਾ)-69ਵੀਆਂ ਪੰਜਾਬ ਰਾਜ ਅੰਤਰ ਜ਼ਿਲ੍ਹਾ ਸਕੂਲ ਖੇਡਾਂ ਵਾਲੀਬਾਲ ਅੰਡਰ-14 ਸਾਲ ਲੜਕੀਆਂ ਦੇ ਮੁਕਾਬਲੇ ਅੱਜ ਸ਼ਹੀਦ ਕਰਮ ਸਿੰਘ ਸਟੇਡੀਅਮ ਬਡਬਰ ਵਿਖੇ ਸ਼ਾਨੋ-ਸ਼ੌਕਤ ਨਾਲ ਸ਼ੁਰੂ ਹੋ ਗਏ ਹਨ। ਰਸਮੀ ਆਰੰਭਤਾ ਸਮੇਂ ਮੈਂਬਰ ਸੰਸਦ ਗੁਰਮੀਤ ਸਿੰਘ ਮੀਤ ਹੇਅਰ ਨੇ ਮੁੱਖ ਮਹਿਮਾਨ ਵਜੋਂ ਸ਼ਮੂਲੀਅਤ ਕੀਤੀ। ਇਸ ਮੌਕੇ ਉਨ੍ਹਾਂ ਝੰਡਾ ਲਹਿਰਾਉਣ ਦੀ ਰਸਮ ਤੋਂ ਬਾਅਦ ਖਿਡਾਰੀਆਂ ਦੀ ਹੌਸਲਾ ਅਫਜ਼ਾਈ ਕਰਦਿਆਂ ਕਿਹਾ ਕਿ ਨਸ਼ੇ ਵਰਗੀ ਨਾਮੁਰਾਦ ਅਲਾਮਤ ਨੂੰ ਖ਼ਤਮ ਕਰਨ ਵਿਚ ਖੇਡਾਂ ਮਹੱਤਵਪੂਰਨ ਰੋਲ ਅਦਾ ਕਰ ਸਕਦੀਆਂ ਹਨ। ਖੇਡਾਂ ਦੀ ਮਹੱਤਤਾ ਬਾਰੇ ਗੱਲ ਕਰਦਿਆਂ ਉਨ੍ਹਾਂ ਕਿਹਾ ਕਿ ਪੰਜਾਬ ਨੂੰ ਖੇਡਾਂ ਦੇ ਖੇਤਰ ਵਿਚ ਮੋਹਰੀ ਸੂਬਾ ਬਣਾਉਣ ਲਈ ਪੰਜਾਬ ਸਰਕਾਰ ਵਲੋਂ ਪਿਛਲੀਆਂ ਸਰਕਾਰਾਂ ਦੇ ਮੁਕਾਬਲੇ ਖੇਡਾਂ ਸਬੰਧੀ ਬਜਟ ਵਿਚ ਵਾਧਾ ਕੀਤਾ ਗਿਆ ਹੈ, ਜਿਸ ਨਾਲ ਪੰਜਾਬ ਵਿਚ ਵੱਡੇ ਪੱਧਰ 'ਤੇ ਖੇਡ ਢਾਂਚਾ ਵਿਕਸਤ ਕੀਤਾ ਜਾ ਰਿਹਾ ਹੈ। ਜ਼ਿਲ੍ਹਾ ਸਿੱਖਿਆ ਅਫ਼ਸਰ (ਸੈ.ਸਿੱ.) ਸੁਨੀਤਇੰਦਰ ਸਿੰਘ ਗਿੱਲ ਅਤੇ ਉੱਪ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈ.ਸਿੱ.) ਡਾ: ਬਰਜਿੰਦਰਪਾਲ ਸਿੰਘ ਦੀ ਅਗਵਾਈ ਹੇਠ ਕਰਵਾਏ ਜਾ ਰਹੇ ਖੇਡ ਮੁਕਾਬਲਿਆਂ ਦੌਰਾਨ ਉਪ ਜ਼ਿਲ੍ਹਾ ਸਿੱਖਿਆ ਅਫ਼ਸਰ ਨੇ ਮੁੱਖ ਮਹਿਮਾਨ ਨੂੰ ਜੀ ਆਇਆਂ ਆਖਿਆ ਅਤੇ ਟੂਰਨਾਮੈਂਟ ਦੇ ਪ੍ਰਬੰਧਾਂ ਸਬੰਧੀ ਜਾਣਕਾਰੀ ਦਿੱਤੀ। ਡੀ.ਐਮ. ਸਪੋਰਟਸ ਬਰਨਾਲਾ ਨੇ ਮੁੱਖ ਮਹਿਮਾਨ ਦਾ ਧੰਨਵਾਦ ਕਰਦਿਆਂ ਜ਼ਿਲ੍ਹਾ ਬਰਨਾਲਾ ਦੀਆਂ ਖੇਡ ਪ੍ਰਾਪਤੀਆਂ ਸਬੰਧੀ ਜਾਣਕਾਰੀ ਦਿੱਤੀ। ਉਨ੍ਹਾਂ ਕਿਹਾ ਕਿ ਅੱਜ ਪਹਿਲੇ ਦਿਨ ਹੋਏ ਮੈਚਾਂ ਵਿਚ ਤਰਨਤਾਰਨ ਨੇ ਜਲੰਧਰ, ਬਠਿੰਡਾ ਨੇ ਮੋਗਾ, ਹੁਸ਼ਿਆਰਪੁਰ ਨੇ ਫ਼ਿਰੋਜ਼ਪੁਰ, ਲੁਧਿਆਣਾ ਨੇ ਸ਼ਹੀਦ ਭਗਤ ਸਿੰਘ ਨਗਰ, ਮਾਨਸਾ ਨੇ ਮਲੇਰਕੋਟਲਾ, ਬਰਨਾਲਾ ਨੇ ਕਪੂਰਥਲਾ, ਲੁਧਿਆਣਾ ਨੇ ਗੁਰਦਾਸਪੁਰ, ਤਰਨਤਾਰਨ ਨੇ ਫ਼ਾਜ਼ਿਲਕਾ, ਸੰਗਰੂਰ ਨੇ ਕਪੂਰਥਲਾ ਨੂੰ ਹਰਾਇਆ। ਇਸ ਮੌਕੇ ਚੇਅਰਮੈਨ ਇੰਪਰੂਵਮੈਂਟ ਟਰੱਸਟ ਰਾਮ ਤੀਰਥ ਮੰਨਾ, ਓ.ਐਸ.ਡੀ. ਹਸਨ ਭਾਰਦਵਾਜ, ਗੁਰਮੀਤ ਸਿੰਘ ਕਾਕਾ ਮੀਡੀਆ ਕੋਆਰਡੀਨੇਟਰ, ਜਸਵੰਤ ਸਿੰਘ ਵਿਰਕ ਹਲਕਾ ਇੰਚਾਰਜ, ਸਰਪੰਚ ਜੱਗਾ ਸਿੰਘ, ਕਮਲਜੀਤ ਸਿੰਘ ਸੇਖੋਂ, ਜਗਦੇਵ ਸਿੰਘ ਭੱਟੀ, ਕੁਲਵਿੰਦਰ ਸਿੰਘ ਚੰਬਲ, ਰੌਸ਼ਨ ਸਿੰਘ ਮੈਂਬਰ, ਸਤਵੀਰ ਸਿੰਘ, ਕਲੱਬ ਪ੍ਰਧਾਨ ਅਰਵਿੰਦਰ ਸਿੰਘ ਨੀਲੂ, ਜਥੇਦਾਰ ਗੁਰਮੁਖ ਸਿੰਘ, ਕੋਚ ਅਜੈ ਨਾਗਰ, ਪਰਮਜੀਤ ਕੌਰ, ਕੋਚ ਸਤਵੀਰ ਸਿੰਘ, ਟੂਰਨਾਮੈਂਟ ਆਬਜ਼ਰਵਰ ਵੀਨਾ ਰਾਣੀ, ਬਲਜਿੰਦਰ ਸਿੰਘ, ਮਨਜੀਤ ਸਿੰਘ, ਭੁਪਿੰਦਰ ਸਿੰਘ, ਹਰਮੇਲ ਸਿੰਘ, ਅਮਨਦੀਪ ਕੌਰ, ਜਸਪ੍ਰੀਤ ਸਿੰਘ, ਰਵਿੰਦਰ ਕੌਰ, ਹਰਦੀਪ ਸਿੰਘ, ਲਖਵੀਰ ਸਿੰਘ ਸਮੇਤ ਜ਼ਿਲ੍ਹੇ ਦੇ ਵੱਖ-ਵੱਖ ਸਕੂਲਾਂ ਦੇ ਮੁਖੀ ਅਤੇ ਸਰੀਰਕ ਸਿੱਖਿਆ ਅਧਿਆਪਕ ਮੌਜੂਦ ਸਨ।

ਬਡਬਰ ਵਿਖੇ ਅੰਡਰ-14 ਸਾਲ ਵਾਲੀਬਾਲ ਮੁਕਾਬਲੇ ਦਾ ਉਦਘਾਟਨ ਕਰਨ ਮੌਕੇ ਮੈਂਬਰ ਸੰਸਦ ਗੁਰਮੀਤ ਸਿੰਘ ਮੀਤ ਹੇਅਰ ਅਤੇ ਪਤਵੰਤੇ। ਤਸਵੀਰ : ਜਤਿੰਦਰ ਸਿੰਘ ਧਨੌਲਾ

ਟੰਡਨ ਇੰਟਰਨੈਸ਼ਨਲ ਸਕੂਲ ਬਰਨਾਲਾ ਵਿਖੇ ਜੇਤੂ ਵਿਦਿਆਰਥੀ ਸਕੂਲ ਸਟਾਫ਼ ਨਾਲ। ਅਜੀਤ ਤਸਵੀਰ

ਟੰਡਨ ਇੰਟਰਨੈਸ਼ਨਲ ਸਕੂਲ ਦੇ ਵਿਦਿਆਰਥੀਆਂ ਨੇ ਰਾਜ ਪੱਧਰੀ ਕਰਾਟੇ ਚੈਂਪੀਅਨਸ਼ਿਪ 'ਚ ਤਗਮੇ ਜਿੱਤੇ

ਬਰਨਾਲਾ, 28 ਅਕਤੂਬਰ (ਅਸ਼ੋਕ ਭਾਰਤੀ)-ਟੰਡਨ ਇੰਟਰਨੈਸ਼ਨਲ ਸਕੂਲ ਬਰਨਾਲਾ ਦੇ ਵਿਦਿਆਰਥੀਆਂ ਨੇ ਰਾਜ ਪੱਧਰੀ ਕਰਾਟੇ ਚੈਂਪੀਅਨਸ਼ਿਪ ਵਿਚ ਚਾਂਦੀ ਤੇ ਤਾਂਬੇ ਦੇ ਤਗਮੇ ਜਿੱਤ ਕੇ ਸੰਸਥਾ ਦਾ ਨਾਂਅ ਰੌਸ਼ਨ ਕੀਤਾ ਹੈ। ਇਹ ਜਾਣਕਾਰੀ ਪ੍ਰਿੰਸੀਪਲ ਮੈਡਮ ਸ਼ਾਲਿਨੀ ਕੌਸ਼ਲ ਨੇ ਦਿੱਤੀ ਤੇ ਦੱਸਿਆ ਕਿ ਕਰਾਟੇ ਚੈਂਪੀਅਨਸ਼ਿਪ 'ਚ ਵਰਿੰਦਰ ਸਿੰਘ, ਸਮਰਪ੍ਰੀਤ ਸਿੰਘ, ਦੀਦਾਰ ਸਿੰਘ, ਜਸਦੀਪ ਸਿੰਘ, ਅਨੁਸ ਅਤੇ ਹੰਸਿਕਾ ਨੇ ਭਾਗ ਲਿਆ। ਜਿਸ ਵਿਚ ਸਮਰਪ੍ਰੀਤ ਸਿੰਘ ਨੇ ਚਾਂਦੀ, ਵਰਿੰਦਰ ਸਿੰਘ, ਦੀਦਾਰ ਸਿੰਘ, ਜਸਦੀਪ ਸਿੰਘ ਅਨੁਸ ਅਤੇ ਹੰਸਿਕਾ ਨੇ ਤਾਂਬੇ ਜਿੱਤੇ ਹਨ। ਜੇਤੂ ਵਿਦਿਆਰਥੀ ਨੋਇਡਾ (ਉਤਰ ਪ੍ਰਦੇਸ਼) ਵਿਖੇ ਕਰਵਾਈ ਜਾ ਰਹੀ ਨੈਸ਼ਨਲ ਪੱਧਰੀ ਕਰਾਟੇ ਚੈਂਪੀਅਨਸ਼ਿਪ ਵਿਚ ਭਾਗ ਲੈਣਗੇ। ਇਸ ਸ਼ਾਨਦਾਰ ਪ੍ਰਾਪਤੀ 'ਤੇ ਸੰਸਥਾ ਦੇ ਐਮ.ਡੀ. ਸ਼ਿਵ ਸਿੰਗਲਾ, ਪ੍ਰਿੰਸੀਪਲ ਮੈਡਮ ਸ਼ਾਲਿਨੀ ਕੌਸ਼ਲ ਨੇ ਜੇਤੂ ਵਿਦਿਆਰਥੀਆਂ, ਕੋਚ ਜਗਸੀਰ ਵਰਮਾ ਨੂੰ ਵਧਾਈ ਦਿੱਤੀ।

ਸੰਤ ਬਾਬਾ ਲੌਂਗਪੁਰੀ ਬ੍ਰਿਲੀਐਂਟ ਸਕੂਲ ਪੱਖੋ ਕਲਾਂ ਵਿਖੇ ਖੇਡਾਂ ਕਰਵਾਈਆਂ

ਰੂੜੇਕੇ ਕਲਾਂ, 28 ਅਗਸਤ (ਗੁਰਪ੍ਰੀਤ ਸਿੰਘ ਕਾਹਨੇਕੇ)-ਸੰਤ ਬਾਬਾ ਲੌਂਗਪੁਰੀ ਬ੍ਰਿਲੀਐਂਟ ਸਕੂਲ ਪੱਖੋ ਕਲਾਂ ਵਿਖੇ ਸੰਸਥਾ ਦੇ ਪ੍ਰਧਾਨ ਸੰਤ ਚਰਨਪੁਰੀ, ਐਮ.ਡੀ. ਕਰਮਜੀਤ ਕੌਰ ਦੇਵਾ ਦੀ ਅਗਵਾਈ ਵਿਚ ਸੰਸਥਾ ਦੇ ਵਿਦਿਆਰਥੀਆਂ ਦੀਆਂ ਸਕੂਲੀ ਖੇਡਾਂ ਕਰਵਾਈਆਂ ਗਈਆਂ। ਖੇਡ ਮੁਕਾਬਲਿਆਂ ਦੌਰਾਨ ਸੰਸਥਾ ਦੇ ਜੂਨੀਅਰ ਵਿੰਗ ਦੇ ਵਿਦਿਆਰਥੀਆਂ ਨੇ ਚੇਅਰ ਗਤੀਵਿਧੀ, ਬੈਲੂਨ ਗਤੀਵਿਧੀ, ਦਿਮਾਗ਼ ਤੇਜ਼ ਕਰਨ ਲਈ ਖੇਡਾਂ ਵਿਚ ਭਾਗ ਲਿਆ। ਸੀਨੀਅਰ ਵਿੰਗ ਦੇ ਵਿਦਿਆਰਥੀਆਂ ਨੇ ਜਿਗਜ਼ੈਗ ਦੌੜ, ਥ੍ਰੀ ਲੈਗ ਦੌੜ, ਵਾਲਰਿੰਗ ਦੌੜ ਮੁਕਾਬਲਿਆਂ ਵਿਚ ਭਾਗ ਲਿਆ। ਵੱਖ-ਵੱਖ ਖੇਡ ਮੁਕਾਬਲਿਆਂ ਵਿਚ ਸੰਸਥਾ ਦੇ ਅਧਿਆਪਕਾਂ ਨੇ ਵੀ ਭਾਗ ਲਿਆ। ਇਸ ਮੌਕੇ ਸੰਸਥਾ ਦੇ ਵਿਦਿਆਰਥੀ ਤੇ ਅਧਿਆਪਕ ਹਾਜਰ ਸਨ।

ਪਿੰਡ ਠੁੱਲੀਵਾਲ ਵਿਖੇ ਪਰਾਲੀ ਸਾੜਨ ਨੂੰ ਰੋਕਣ ਆਈ ਟੀਮ ਦਾ ਘਿਰਾਓ ਕਰ ਕੇ ਸੂਬਾ ਸਰਕਾਰ, ਅਧਿਕਾਰੀਆਂ ਖ਼ਿਲਾਫ਼ ਨਾਅਰੇਬਾਜ਼ੀ ਕਰਦੇ ਹੋਏ ਕਿਸਾਨ। ਤਸਵੀਰ: ਅਵਤਾਰ ਸਿੰਘ ਅਣਖੀ

ਪਿੰਡ ਠੁੱਲੀਵਾਲ ਵਿਖੇ ਪਰਾਲੀ ਸਾੜਨ ਤੋਂ ਰੋਕਣ ਆਈ ਟੀਮ ਦਾ ਕਿਸਾਨਾਂ ਵਲੋਂ ਘਿਰਾਓ-ਸੂਬਾ ਸਰਕਾਰ ਖ਼ਿਲਾਫ਼ ਕੀਤੀ ਨਾਅਰੇਬਾਜ਼ੀ

ਆਗੂਆਂ ਵਲੋਂ ਪਰਾਲੀ ਦੇ ਢੁਕਵਾਂ ਹੱਲ ਲਈ ਯੋਗ ਮੁਆਵਜ਼ਾ ਦੇਣ ਦੀ ਮੰਗ

ਮਹਿਲ ਕਲਾਂ, 28 ਅਕਤੂਬਰ (ਅਣਖੀ)-ਪਿੰਡ ਠੁੱਲੀਵਾਲ (ਬਰਨਾਲਾ) ਵਿਖੇ ਉਸ ਵੇਲੇ ਸਥਿਤੀ ਗੰਭੀਰ ਬਣ ਗਈ ਜਦੋਂ ਜ਼ਿਲ੍ਹਾ ਪ੍ਰਸ਼ਾਸਨ ਵਲੋਂ ਪਰਾਲੀ ਸਾੜਨ 'ਤੇ ਰੋਕ ਲਗਾਉਣ ਲਈ ਬਣਾਈ ਟੀਮ ਦਾ ਕਿਸਾਨਾਂ ਨੇ ਘਿਰਾਓ ਕਰ ਲਿਆ। ਇਸ ਮੌਕੇ ਜੇ.ਈ. ਕਰਮਜੀਤ ਸਿੰਘ ਬੀਹਲਾ ਦੀ ਅਗਵਾਈ ਹੇਠ ਖੇਤੀਬਾੜੀ ਵਿਭਾਗ ਦੇ ਇੰਸਪੈਕਟਰ ਸੁਨੀਲ ਕੁਮਾਰ ਗਰਗ, ਨੋਡਲ ਅਫ਼ਸਰ ਟੇਕ ਚੰਦ ਨਹਿਰੀ ਪਟਵਾਰੀ, ਸਹਾਇਕ ਲਾਈਨਮੈਨ ਬਲਜਿੰਦਰ ਸਿੰਘ ਆਧਾਰਤ ਟੀਮ ਖੇਤਾਂ ਵਿਚ ਅੱਗ ਲੱਗਣ ਦੀ ਸੂਹ ਮਿਲਣ 'ਤੇ ਪਹੁੰਚੀ ਸੀ। ਇਸ ਮੌਕੇ ਸਥਿਤੀ ਦੇ ਮੱਦੇਨਜ਼ਰ ਥਾਣਾ ਠੁੱਲੀਵਾਲ ਦੇ ਮੁੱਖ ਅਫ਼ਸਰ ਬਲਵਿੰਦਰ ਸਿੰਘ ਸਿੱਧੂ ਦੀ ਅਗਵਾਈ ਹੇਠ ਪੁਲਿਸ ਪਾਰਟੀ ਵੀ ਹਾਜ਼ਰ ਸੀ। ਇਸ ਮੌਕੇ ਟੀਮ ਦੇ ਪੁੱਜਣ ਦਾ ਪਤਾ ਲੱਗਦਿਆਂ ਹੀ ਕਿਸਾਨਾਂ ਵਲੋਂ ਭਾਕਿਯੂ ਉਗਰਾਹਾਂ ਦੇ ਮੇਵਾ ਸਿੰਘ ਸਿੱਧੂ ਦੀ ਅਗਵਾਈ ਹੇਠ ਜਥੇਬੰਦੀ ਨੇ ਟੀਮ ਅਧਿਕਾਰੀਆਂ ਦੀਆਂ ਗੱਡੀਆਂ ਦਾ ਘਿਰਾਓ ਕੀਤਾ। ਇਸ ਮੌਕੇ ਸੂਬਾ ਸਰਕਾਰ ਤੇ ਜ਼ਿਲ੍ਹਾ ਪ੍ਰਸ਼ਾਸਨ ਖ਼ਿਲਾਫ਼ ਨਾਅਰੇਬਾਜ਼ੀ ਕਰ ਕੇ ਕਿਸਾਨਾਂ ਨੂੰ ਤੰਗ ਪ੍ਰੇਸ਼ਾਨ ਨਾ ਕਰਨ ਦੀ ਮੰਗ ਕੀਤੀ ਗਈ। ਕਿਸਾਨ ਆਗੂਆਂ ਨੇ ਦੋਸ਼ ਲਗਾਇਆ ਕਿ ਸਰਕਾਰ ਕਿਸਾਨਾਂ ਨੂੰ ਬਿਨਾਂ ਲੋੜੀਂਦੀ ਸਹੂਲਤ ਦਿੱਤੇ ਪਰਾਲੀ ਨਾ ਸਾੜਨ ਦਾ ਦਬਾਅ ਬਣਾ ਰਹੀ ਹੈ ਜਦ ਕਿ ਹੋਰ ਕੋਈ ਰਾਹ ਨਾ ਹੋਣ ਕਾਰਨ ਕਿਸਾਨ ਪਰਾਲੀ ਸਾੜਨ ਲਈ ਮਜਬੂਰ ਹਨ। ਉਨ੍ਹਾਂ ਮੰਗ ਕੀਤੀ ਕਿ ਪਰਾਲੀ ਨਿਪਟਾਰੇ ਦਾ ਢੁਕਵਾਂ ਪ੍ਰਬੰਧ ਤੇ ਮੁਆਵਜ਼ਾ ਦਿੱਤਾ ਜਾਵੇ। ਇਸ ਮੌਕੇ ਭਾਕਿਯੂ ਉਗਰਾਹਾਂ ਦੇ ਨਾਜਰ ਸਿੰਘ ਧਾਲੀਵਾਲ, ਭੋਲਾ ਸਿੰਘ, ਜਸਬੀਰ ਸਿੰਘ ਠੁੱਲੀਵਾਲ ਨੇ ਕਿਹਾ ਕਿ ਜੇ ਕਿਸਾਨਾਂ 'ਤੇ ਕੋਈ ਕਾਰਵਾਈ ਕੀਤੀ ਗਈ ਤਾਂ ਜਥੇਬੰਦੀ ਵਲੋਂ ਟਰੈਫ਼ਿਕ ਜਾਮ ਕਰ ਕੇ ਅਗਲਾ ਸੰਘਰਸ਼ ਸ਼ੁਰੂ ਕੀਤਾ ਜਾਵੇਗਾ। ਉਨ੍ਹਾਂ ਚੇਤਾਵਨੀ ਦਿੱਤੀ ਕਿ ਕਿਸਾਨਾਂ ਨੂੰ ਜ਼ਲੀਲ ਕਰਨ ਵਾਲੀ ਹਰ ਕੋਸ਼ਿਸ਼ ਦਾ ਵਿਰੋਧ ਕੀਤਾ ਜਾਵੇਗਾ। ਇਸ ਮੌਕੇ ਕਲਸਟਰ ਵਜ਼ੀਦਕੇ ਕਲਾਂ ਭੂਮੀ ਰੱਖਿਆ ਅਧਿਕਾਰੀ ਸੌਰਵ ਕੁਮਾਰ ਨੇ ਕਿਸਾਨ ਆਗੂਆਂ ਨਾਲ ਗੱਲਬਾਤ ਕਰ ਕੇ ਕਿਸਾਨਾਂ ਤੇ ਪ੍ਰਸ਼ਾਸਨ ਵਿਚ ਸਹਿਮਤੀ ਹੋਣ ਉਪਰੰਤ ਵਿਸ਼ਵਾਸ ਦਿਵਾਇਆ ਕਿ ਸੁਪਰੀਮ ਕੋਰਟ ਦੇ ਹੁਕਮਾਂ ਦੀ ਪਾਲਣਾ ਕਰਦੇ ਹੋਏ ਕਿਸੇ ਵੀ ਕਿਸਾਨ ਨਾਲ ਬੇਇਨਸਾਫ਼ੀ ਨਹੀਂ ਹੋਣ ਦਿੱਤੀ ਜਾਵੇਗੀ। ਇਸ ਮੌਕੇ ਅਮਰੀਕ ਸਿੰਘ, ਮੇਜਰ ਸਿੰਘ, ਮੱਘਰ ਸਿੰਘ, ਪਿਆਰਾ ਸਿੰਘ, ਡਕੌਂਦਾ ਧਨੇਰ ਗਰੁੱਪ ਦੇ ਰਾਮ ਸਿੰਘ ਸੋਹੀ, ਇਸਤਰੀ ਆਗੂ ਸੁਖਦੇਵ ਕੌਰ, ਬਲਜੀਤ ਕੌਰ ਆਦਿ ਵੱਡੀ ਗਿਣਤੀ 'ਚ ਕਿਸਾਨ ਹਾਜ਼ਰ ਸਨ।

ਪਿੰਡ ਹਮੀਦੀ ਵਿਖੇ ਹੋਣਹਾਰ ਵਿਦਿਆਰਥਣਾਂ ਜੱਸੀ ਕੌਰ, ਰਮਨਦੀਪ ਕੌਰ, ਕੋਚ ਲਖਵੀਰ ਸਿੰਘ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕਰਨ ਸਮੇਂ ਇੰਚਾਰਜ ਸ਼ਕੁੰਤਲਾ ਦੇਵੀ, ਸਟਾਫ਼ ਮੈਂਬਰ, ਮੁਹਤਬਰ। ਤਸਵੀਰ : ਅਵਤਾਰ ਸਿੰਘ ਅਣਖੀ

ਸਰਕਾਰੀ ਸਕੂਲ ਹਮੀਦੀ ਦੀ ਵਿਦਿਆਰਥਣ ਜੱਸੀ ਕੌਰ ਨੈਸ਼ਨਲ ਪੱਧਰ 'ਤੇ ਪੰਜਾਬ ਦੀ ਕਰੇਗੀ ਪ੍ਰਤੀਨਿਧਤਾ

ਮਹਿਲ ਕਲਾਂ, 28 ਅਕਤੂਬਰ (ਅਵਤਾਰ ਸਿੰਘ ਅਣਖੀ)-ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਹਮੀਦੀ (ਬਰਨਾਲਾ) ਦੀ ਵਿਦਿਆਰਥਣ ਜੱਸੀ ਕੌਰ ਨੇ ਸਕੂਲ ਗੇਮਜ਼ ਫੈਡਰੇਸ਼ਨ ਆਫ਼ ਇੰਡੀਆ ਵਲੋਂ ਆਯੋਜਿਤ 69ਵੀਆਂ ਸਟੇਟ ਪੱਧਰੀ ਖੇਡਾਂ 'ਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਆਪਣੇ ਸਕੂਲ, ਮਾਪਿਆਂ ਅਤੇ ਜ਼ਿਲ੍ਹੇ ਦਾ ਨਾਂਅ ਰੌਸ਼ਨ ਕੀਤਾ ਹੈ। ਸਕੂਲ ਇੰਚਾਰਜ ਮੈਡਮ ਸਕੁੰਤਲਾ ਦੇਵੀ ਨੇ ਦੱਸਿਆ ਕਿ ਵਿਦਿਆਰਥਣ ਜੱਸੀ ਕੌਰ ਨੇ ਕਰਾਸ ਕੰਟਰੀ (4 ਕਿੱਲੋਮੀਟਰ) ਵਿਚ ਸੋਨੇ ਦਾ ਤਗਮਾ ਜਿੱਤ ਕੇ ਨੈਸ਼ਨਲ ਪੱਧਰ ਲਈ ਕੁਆਲੀਫ਼ਾਈ ਕਰ ਲਿਆ ਹੈ ਤੇ ਉਹ ਹੁਣ ਪੰਜਾਬ ਰਾਜ ਦੀ ਨੁਮਾਇੰਦਗੀ ਕਰੇਗੀ। ਇਸ ਤੋਂ ਇਲਾਵਾ ਸਕੂਲ ਦੀ ਹੋਰ ਹੋਣਹਾਰ ਵਿਦਿਆਰਥਣ ਰਮਨਦੀਪ ਕੌਰ ਸੱਤਵੀਂ ਸ਼੍ਰੇਣੀ ਨੇ ਸਟੇਟ ਪੱਧਰ ਰਿਲੇਅ ਰੇਸ 4×100 ਮੀਟਰ ਵਿਚ ਤਾਂਬੇ ਮੈਡਲ ਪ੍ਰਾਪਤ ਕਰ ਕੇ ਸਕੂਲ ਦਾ ਮਾਣ ਵਧਾਇਆ ਹੈ। ਇਸ ਮੌਕੇ ਲੈਕਚਰਾਰ ਗੁਰਪ੍ਰੀਤ ਸਿੰਘ ਨੇ ਦੱਸਿਆ ਕਿ ਇਸ ਸਾਲ ਸਕੂਲ ਦੇ 33 ਵਿਦਿਆਰਥੀਆਂ ਨੇ ਵੱਖ-ਵੱਖ ਖੇਡਾਂ ਵਿਚ ਸਟੇਟ ਪੱਧਰ 'ਤੇ ਜ਼ਿਲ੍ਹੇ ਦੀ ਪ੍ਰਤੀਨਿਧਤਾ ਕੀਤੀ, ਜਿਨ੍ਹਾਂ ਦੀ ਕਾਰਗੁਜ਼ਾਰੀ ਬੇਮਿਸਾਲ ਰਹੀ। ਸਕੂਲ ਵਿਚ ਵਾਪਸੀ 'ਤੇ ਦੋਵੇਂ ਹੋਣਹਾਰ ਵਿਦਿਆਰਥਣਾਂ ਦਾ ਨਗਰ ਪੰਚਾਇਤ, ਸਕੂਲ ਸਟਾਫ਼ ਤੇ ਵਿਦਿਆਰਥੀਆਂ ਵਲੋਂ ਗਰਮਜੋਸ਼ੀ ਨਾਲ ਸਵਾਗਤ ਕਰ ਕੇ ਵਿਸ਼ੇਸ਼ ਸਨਮਾਨ ਕੀਤਾ ਗਿਆ। ਕੋਚ ਲਖਵੀਰ ਸਿੰਘ ਨੇ ਵਿਦਿਆਰਥੀਆਂ ਨੂੰ ਹੋਰ ਮਿਹਨਤ ਤੇ ਨਿਸ਼ਚੇ ਨਾਲ ਅੱਗੇ ਵਧਣ ਲਈ ਪ੍ਰੇਰਿਤ ਕੀਤਾ। ਇਸ ਮੌਕੇ ਏ.ਐਸ.ਆਈ. ਗੁਰਜੀਤ ਸਿੰਘ, ਮੈਡਮ ਹਰਦੀਪ ਕੌਰ, ਅਮਨਿੰਦਰ ਸਿੰਘ, ਗੁਰਮੀਤ ਸਿੰਘ, ਰੁਪਿੰਦਰ ਭੰਡਾਲ, ਭਾਰਤ ਭੂਸ਼ਨ, ਪਲਵਿੰਦਰ ਸਿੰਘ, ਜਗਤਾਰ ਸਿੰਘ, ਗੁਰਬਖ਼ਸ਼ ਸਿੰਘ, ਗੌਰਵ ਗੁਪਤਾ, ਧਰਮਪਾਲ, ਗੁਰਸ